**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 10/64-2013 ਅਮਲਾ-3 (4) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :- 27.07.15

ਸ੍ਰੀ ਬੀਰ ਚੰਦ, ਸ.ਸ ਮਾਸਟਰ, ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ ਜੋ ਮਿਤੀ 01.06.2013 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲਿਆ ਆ ਰਿਹਾ ਹੈ, ਨੂੰ ਡੀ.ਜੀ.ਐਸ.ਈ ਦਫਤਰ ਦੇ ਹੁਕਮ ਨੰ: ਇੱਕੋ-2(209346) 2014/5542-44 ਮਿਤੀ 12.05.14/15.05.14 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰੀ ਵੱਲੋ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਅੰਮ੍ਰਿਤਸਰ ਨੂੰ ਡੀ.ਜੀ.ਐਸ.ਈ ਦਫਤਰ ਦੇ ਹੁਕਮ ਨੰ: ਇੱਕੋ-2(209352)2013/9025-26 ਮਿਤੀ 08.07.14/17.07.14 ਰਾਹੀਂ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਮਿਤੀ 06-01-2015 ਵਿੱਚ ਕਰਮਚਾਰਨ ਵਿਰੁੱਧ ਮਿਤੀ 01-06-2013 ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ। ਇਸ ਪੜਤਾਲ ਰਿਪੋਰਟ ਅਨੁਸਾਰ ਸ੍ਰੀ ਬੀਰ ਚੰਦ, ਸ.ਸ ਮਾਸਟਰ, ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ ਨੂੰ ਪੜਤਾਲੀਆ ਅਫਸਰ ਵੱਲੋਂ ਮਿਤੀ 13.08.14, 29.09.14 ਅਤੇ 01.10.14 ਨੂੰ ਆਪਣੇ ਦਫਤਰ ਵਿੱਚ ਹਾਜਰ ਹੋਣ ਲਈ ਲਿਖਿਆ ਗਿਆ ਪਰੰਤੂ ਕਰਮਚਾਰੀ ਕਿਸੇ ਵੀ ਦਿਨ ਹਾਜਰ ਨਹੀਂ ਹੋਇਆ। ਕਰਮਚਾਰੀ ਨੇ ਮਿਤੀ 01.10.14 ਨੂੰ ਸਕੂਲ ਵਿੱਚ ਸਵੈ-ਘੋਸ਼ਣਾ ਦਿੱਤੀ ਕਿ ਉਹ ਸਰਕਾਰੀ ਨੌਕਰੀ ਕਰਨ ਵਿੱਚ ਅਸਮਰੱਥ ਹੈ ਅਤੇ ਉਸ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਜਾਣ। ਇਸ ਲਈ ਸਪਸ਼ਟ ਹੈ ਕਿ ਸ੍ਰੀ ਬੀਰ ਚੰਦ, ਸ.ਸ ਮਾਸਟਰ, ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸ ਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸ੍ਰੀ ਬੀਰ ਚੰਦ, ਸ.ਸ ਮਾਸਟਰ, ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ ਦੇ ਮਿਤੀ 01.06.2013 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਅਤੇ ਉਸ ਦੇ ਸਵੈ-ਘੋਸ਼ਣਾ ਮਿਤੀ 01.10.2014 ਦੇ ਆਧਾਰ ਤੇ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 14139-42

ਮਿਤੀ, ਐਸ.ਏ.ਐਸ.ਨਗਰ :- 28/7/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਹੀ ਭੇਜੇ ਜਾਣ, ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀ ਬੀਰ ਚੰਦ, ਸ.ਸ ਮਾਸਟਰ, ਸਰਕਾਰੀ ਮਾਡਲ ਸਕੂਲ ਉਮਰਾ ਨੰਗਲ, ਜਿਲਾ ਅੰਮ੍ਰਿਤਸਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ